# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 pm**

**ਮਿਤੀ: 15-04-2025**

- ਸੁਪਰੀਮ ਕੋਰਟ ਨੇ ਅੱਜ ਦੇਸ਼ ਭਰ ਦੀਆਂ ਹਾਈ ਕੋਰਟਾਂ ਨੂੰ ਹਦਾਇਤ ਕੀਤੀ ਏ, ਕਿ ਉਹ ਹੇਠਲੀਆਂ ਅਦਾਲਤਾਂ ਨੂੰ ਬੱਚਿਆਂ ਦੀ ਤਸਕਰੀ ਦੇ ਮਾਮਲਿਆਂ ਦੀ ਸੁਣਵਾਈ, ਛੇ ਮਹੀਨਿਆਂ ਵਿੱਚ ਪੂਰੀ ਕਰਨ ਲਈ ਨਿਰਦੇਸ਼ ਜਾਰੀ ਕਰਨ।
- ਪੰਜਾਬ ਵਿਧਾਨ ਸਭਾ ਵਿਚ ਵਿਰੋਧੀ ਧਿਰ ਦੇ ਨੇਤਾ ਅਤੇ ਸੀਨੀਅਰ ਕਾਂਗਰਸੀ ਆਗੂ, ਪ੍ਰਤਾਪ ਸਿੰਘ ਬਾਜਵਾ, ਸੂਬੇ 'ਚ ਬੰਬਾਂ ਬਾਰੇ ਆਪਣੇ ਕਥਿਤ ਬਿਆਨ ਦੇ ਸੰਬੰਧ 'ਚ ਅੱਜ ਪੁਲਿਸ ਸਾਹਮਣੇ ਪੇਸ਼ ਹੋਏ ਨੇ ।
- ਪੰਜਾਬ 'ਚ ਸਿਖਿਆ ਕ੍ਰਾਂਤੀ ਮੁਹਿੰਮ ਤਹਿਤ ਅੱਜ ਕਈ ਥਾਵਾਂ 'ਤੇ ਸਕੂਲਾਂ ਦੇ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ ਗਿਆ।

- ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ, ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਲੰਬੀ ਹਲਕੇ ਤੋਂ, ਪਸ਼ੂਆਂ ਨੂੰ ਮੂੰਹ- ਖੁਰ ਦੀ ਬੀਮਾਰੀ ਤੋਂ ਬਚਾਉਣ ਲਈ ਰਾਜ ਪੱਧਰੀ ਟੀਕਾਕਰਨ ਮੁਹਿੰਮ ਦੀ ਕੀਤੀ ਸ਼ੁਰੂਆਤ ।
- ਸੀਨੀਅਰ ਮਰਦਾਂ ਦੀ, 15ਵੀਂ ਹਾਕੀ ਇੰਡੀਆ ਰਾਸ਼ਟਰੀ ਚੈਂਪੀਅਨਸ਼ਿਪ 2025 ਵਿੱਚ, ਅੱਜ ਸ਼ਾਮ, ਪੰਜਾਬ ਅਤੇ ਮੱਧ ਪ੍ਰਦੇਸ਼ ਫਾਈਨਲ ਮੁਕਾਬਲੇ ਵਿੱਚ ਇੱਕ ਦੂਜੇ ਖਿਲਾਫ਼ ਮੈਦਾਨ'ਚ ਉਤਰਨਗੇ ।

---------------------------------------------------

ਸੁਪਰੀਮ ਕੋਰਟ ਨੇ ਅੱਜ ਦੇਸ਼ ਭਰ ਵਿੱਚ ਬਾਲ ਤਸਕਰੀ ਨਾਲ ਸਬੰਧਤ ਅਪਰਾਧਾਂ ਦੀ ਰੋਕਥਾਮ ਅਤੇ ਤੇਜ਼ੀ ਨਾਲ ਸੁਣਵਾਈ ਲਈ ਸਖ਼ਤ ਦਿਸ਼ਾ-ਨਿਰਦੇਸ਼ ਨਿਰਧਾਰਤ ਕੀਤੇ ਨੇ. ਅਦਾਲਤ ਨੇ ਉੱਤਰ ਪ੍ਰਦੇਸ਼ ਤੋਂ ਬਾਲ ਤਸਕਰੀ ਮਾਮਲੇ ਵਿੱਚ ਮੁਲਜ਼ਮਾਂ ਵੱਲੋਂ ਦਾਇਰ ਅਗਾਊਂ ਜ਼ਮਾਨਤ ਪਟੀਸ਼ਨਾਂ ਦੀ ਸੁਣਵਾਈ ਕਰਦਿਆਂ ਇਹ ਨਿਰਦੇਸ਼ ਜਾਰੀ ਕੀਤੇ। ਜਸਟਿਸ ਜੇਬੀ ਪਾਰਦੀਵਾਲਾ ਅਤੇ ਆਰ ਮਹਾਦੇਵਨ ਦੇ ਬੈਂਚ ਨੇ ਦੇਸ਼

ਭਰ ਦੀਆਂ ਹਾਈ ਕੋਰਟਾਂ ਨੂੰ ਇਹ ਹਦਾਇਤ ਵੀ ਕੀਤੀ ਏ ਕਿ ਉਹ ਹੇਠਲੀਆਂ ਅਦਾਲਤਾਂ ਨੂੰ ਛੇ ਮਹੀਨਿਆਂ ਵਿੱਚ ਬਾਲ ਤਸਕਰੀ ਮਾਮਲਿਆਂ ਵਿੱਚ ਸੁਣਵਾਈ ਪੂਰੀ ਕਰਨ ਲਈ ਨਿਰਦੇਸ਼ ਜਾਰੀ ਕਰਨ। ਸਰ੍ਬੁਚ ਅਦਾਲਤ ਨੇ ਇਹ ਹੁਕਮ ਵੀ ਦਿੱਤਾ ਏ ਕਿ ਨਿਆਂ ਵਿੱਚ ਦੇਰੀ ਨੂੰ ਰੋਕਣ ਲਈ ਅਜਿਹੇ ਮਾਮਲਿਆਂ ਦੀ ਰੋਜ਼ਾਨਾ ਅਧਾਰ 'ਤੇ ਸੁਣਵਾਈ ਕੀਤੀ ਜਾਵੇ। ਅਦਾਲਤ ਨੇ ਉੱਤਰ ਪ੍ਰਦੇਸ਼ ਸਰਕਾਰ ਵੱਲੋਂ, ਬਾਲ ਤਸਕਰੀ ਦੇ ਮਾਮਲਿਆਂ  ਨਾਲ ਨ੍ਜਿਠੇ ਜਾਣ ਦੇ ਤਰੀਕੇ ਅਤੇ ਇਲਾਹਾਬਾਦ ਹਾਈ ਕੋਰਟ ਵੱਲੋਂ ਬਾਲ ਤਸਕਰੀ ਦੇ ਦੋਸ਼ੀਆਂ ਨੂੰ ਜ਼ਮਾਨਤ ਜਾਰੀ ਕਰਨ ਦੀ ਨੁਕਤਾਚੀਨੀ ਕੀਤੀ ਏ । ਸੁਪਰੀਮ ਕੋਰਟ ਨੇ ਕਿਹਾ ਏ ਕਿ ਨਿਰਦੇਸ਼ਾਂ ਨੂੰ ਲਾਗੂ ਕਰਨ ਵਿੱਚ ਦਿਖਾਈ ਗਈ ਕਿਸੇ ਵੀ ਢਿੱਲ ਨੂੰ ਗੰਭੀਰਤਾ ਨਾਲ ਲਿਆ ਜਾਵੇਗਾ ਅਤੇ ਇਸਨੂੰ ਅਦਾਲਤ ਦਾ ਅਪਮਾਨ ਮੰਨਿਆ ਜਾਵੇਗਾ। ਇੱਕ ਅਹਿਮ ਨਿਰਦੇਸ਼ ਵਿੱਚ, ਅਦਾਲਤ ਨੇ ਕਿਹਾ ਕਿ ਜੇਕਰ ਹਸਪਤਾਲ ਵਿੱਚੋਂ ਕੋਈ ਨਵ-ਜੰਮਿਆ ਬੱਚਾ ਚੋਰੀ ਹੋ ਜਾਂਦਾ ਏ, ਤਾਂ ਪਹਿਲਾ ਕਦਮ ਸਬੰਧਤ ਹਸਪਤਾਲ ਦਾ ਲਾਇਸੈਂਸ ਰੱਦ ਕਰਨਾ ਏ ।

---------------------------------------------------------

ਘੱਟ ਗਿਣਤੀ ਮਾਮਲਿਆਂ ਬਾਰੇ ਕੇਂਦਰੀ ਮੰਤਰੀ ਕਿਰੇਨ ਰਿਜਿਜੂ ਨੇ ਕਿਹਾ ਏ ਕਿ, ਵਕਫ਼ ਤਰ੍ਮੀਮੀ ਕਾਨੂੰਨ, ਲੋਕਾਂ ਦੇ ਹੱਕਾਂ ਦੀ ਰਾਖੀ ਕਰਨ ਅਤੇ ਦੇਸ਼ ਦੇ ਕਿਸੇ ਵੀ ਨਾਗਰਿਕ ਦੀ ਜ਼ਮੀਨ ਨੂੰ ਗੈਰ-ਕਾਨੂੰਨੀ ਢੰਗ ਨਾਲ ਹੜਪੇ ਜਾਣ ਤੋਂ ਰੋਕਣ ਲਈ ਕੇਂਦਰ ਸਰਕਾਰ ਦੀ ਨੀਤੀ ਦਾ ਹਿੱਸਾ ਏ. ਕੋਚੀ ਵਿੱਚ ਮੀਡੀਆ ਨਾਲ ਗੱਲਬਾਤ ਕਰਦਿਆਂ ਸ਼੍ਰੀ ਰਿਜਿਜੂ ਨੇ ਕਿਹਾ ਕਿ ਮੁਨੰਬਮ ਦੀ ਜ਼ਮੀਨ ਨੂੰ ਇਕ-ਤਰਫਾ ਤੌਰ 'ਤੇ ਵਕਫ਼ ਜ਼ਮੀਨ ਐਲਾਨਣ ਨਹੀਂ ਦਿੱਤਾ ਜਾਏਗਾ ਅਤੇ ਹਰ ਨਾਗਰਿਕ ਦੇ ਅਧਿਕਾਰਾਂ ਦੀ ਰੱਖਿਆ ਕੀਤੀ ਜਾਵੇਗੀ। ਸ਼੍ਰੀ ਰਿਜਿਜੂ ਨੇ ਕਿਹਾ ਕਿ ਮੁਨੰਬਮ ਵਰਗੀ ਸਥਿਤੀ ਹੁਣ ਦੇਸ਼ ਵਿੱਚ ਕਿਧਰੇ ਵੀ ਨਹੀਂ ਹੋਣੀ ਚਾਹੀਦੀ। ਮੰਤਰੀ ਨੇ ਅੱਗੇ ਕਿਹਾ ਕਿ ਵਿਰੋਧੀ ਧਿਰ ਲੋਕਾਂ ਨੂੰ ਗੁੰਮਰਾਹ ਕਰ ਰਹੀ ਏ ਅਤੇ ਵਕਫ਼ ਸੋਧ ਕਾਨੂੰਨ ਕਿਸੇ ਵੀ ਭਾਈਚਾਰੇ ਨੂੰ ਨਿਸ਼ਾਨਾ ਨਹੀਂ ਬਣਾ ਰਿਹਾ ਤੇ ਕਈ ਮੁਸਲਿਮ ਸੰਗਠਨ, ਇਸ ਕਾਨੂੰਨ ਦੀ ਹਮਾਇਤ ਵਿੱਚ ਅੱਗੇ ਆਏ ਨੇ। ਕੇਰਲਾ ਦੇ ਏਰਨਾਕੁਲਮ ਵਿੱਚ, ਲਗਭਗ 610 ਈਸਾਈ ਮਛੇਰੇ

ਪਰਿਵਾਰ, ਆਪਣੀਆਂ ਜਾਇਦਾਦਾਂ 'ਤੇ ਵਕਫ਼ ਬੋਰਡ ਦੇ ਦਾਅਵੇ ਵਿਰੁੱਧ ਲਗਭਗ ਛੇ ਮਹੀਨਿਆਂ ਤੋਂ ਵਿਰੋਧ ਪ੍ਰਦਰਸ਼ਨ ਕਰ ਰਹੇ ਨੇ ।

---------------------------------------------------------

ਪੰਜਾਬ ਵਿਧਾਨ ਸਭਾ ਵਿਚ ਵਿਰੋਧੀ ਧਿਰ ਦੇ ਨੇਤਾ ਅਤੇ ਸੀਨੀਅਰ ਕਾਂਗਰਸੀ ਆਗੂ, ਪ੍ਰਤਾਪ ਸਿੰਘ ਬਾਜਵਾ ਅੱਜ ਦੁਪਹਿਰ ਬਾਅਦ ਮੋਹਾਲੀ ਸਥਿਤ ਸਾਇਬਰ ਸੈਲ ਪੁਲਿਸ ਥਾਣੇ ਵਿਚ, ਆਪਣੇ ਕਥਿਤ ਬਿਆਨ, ਕਿ ਪੰਜਾਬ ਵਿਚ 50 ਬੰਬ ਆਏ ਹੋਏ ਨੇ, ਸੰਬੰਧੀ ਪੁਛਗਿਛ ਲਈ ਪੇਸ਼ ਹੋਏ ਨੇ । ਪੰਜਾਬ ਪੁਲਿਸ ਵੱਲੋਂ ਬੀਤੇ ਐਤਵਾਰ ਬਾਜਵਾ ‘ਤੇ BHARTIYA NYAY SANHITA BNS ਦੀਆਂ ਧਾਰਾਵਾਂ ਤਹਿਤ FIR ਦਰਜ ਕਰਕੇ ਸੋਮਵਾਰ ਨੂੰ ਪੁਲਿਸ ਥਾਣੇ ‘ਚ ਪੇਸ਼ ਹੋਣ ਲਈ ਕਿਹਾ ਗਿਆ ਸੀ ਪਰ ਕਾਂਗਰਸੀ ਆਗੂ ਦੇ ਵਕੀਲ ਵੱਲੋਂ ਪੇਸ਼ ਹੋਣ ਲਈ ਅੱਜ ਤਕ ਦਾ ਸਮਾਂ ਲੈ ਲਿਆ ਗਿਆ ਸੀ। ਇਸ ਦੌਰਾਨ ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੀ ਅਗਵਾਈ ਹੇਠ ਕਾਂਗਰਸੀ ਆਗੂ ਬਾਜਵਾ ਉਤੇ FIR ਕਰਨ ਅਤੇ ਪੁਛ – ਗਿਛ ਕਰਨ ਦੇ ਵਿਰੋਧ ਵਿਚ ਪੁਲਿਸ ਥਾਣੇ ਦੇ ਬਾਹਰ ਹੀ ਧਰਨੇ ‘ਤੇ ਬੈਠੇ ਹੋਏ ਨੇ। ਓਧਰ ਪੰਜਾਬ ਭਾਜਪਾ ਪ੍ਰਧਾਨ

ਸੁਨੀਲ ਜਾਖੜ ਨੇ ਮੁਖ ਮੰਤਰੀ ਭਗਵੰਤ ਮਾਨ ਅਤੇ ਪ੍ਰਤਾਪ ਸਿੰਘ ਬਾਜਵਾ 'ਤੇ ਇੱਕ ਸੰਵੇਦਨਸ਼ੀਲ ਮੁੱਦੇ 'ਤੇ ਸਸਤੀ ਰਾਜਨੀਤੀ ਕਰਕੇ ਪੰਜਾਬ ਨੂੰ ਅਰਾਜਕਤਾ ਦੇ ਕੰਢੇ 'ਤੇ ਧੱਕਣ ਲਈ ਨਿਖੇਧੀ ਕੀਤੀ ਏ । ਇਕ ਬਿਆਨ ਵਿਚ ਜਾਖੜ ਨੇ ਕਿਹਾ ਕੇ ਮੁੱਖ ਮੰਤਰੀ ਮਾਨ ਅਤੇ ਪ੍ਰਤਾਪ ਸਿੰਘ ਬਾਜਵਾ ਦੋਵੇਂ ਜਾਣਦੇ ਨੇ ਕਿ ਇਸ ਬਿਆਨ ਦਾ ਇੱਕੋ ਇੱਕ ਇਰਾਦਾ ਖਬਰਾਂ ‘ਚ ਬਣੇ ਰਹਿਣਾ ਸੀ ।

---

ਇਨਫੋਰਸਮੈਂਟ ਡਾਇਰੈਕਟੋਰੇਟ (ED) ਵਲੋਂ ਅੱਜ ਮੋਹਾਲੀ ਵਿੱਚ 'ਆਪ' ਦੇ ਨੇਤਾ ਕੁਲਵੰਤ ਸਿੰਘ ਦੀ ਰਿਹਾਇਸ਼ ਸਮੇਤ 15 ਤੋਂ ਵੱਧ ਥਾਵਾਂ 'ਤੇ ਛਾਪੇਮਾਰੀ ਕੀਤੀ ਜਾ ਰਹੀ ਏ । ਇਹ ਤਲਾਸ਼ੀਆਂ ਪਰਲ ਐਗਰੋ ਕਾਰਪੋਰੇਸ਼ਨ ਲਿਮਟਿਡ (ਪੀ ਏ ਸੀ ਐਲ) ਮਾਮਲੇ ਨਾਲ ਸਬੰਧਤ ਨੇ, ਜੋ ਕਿ 48,ਹਜ਼ਾਰ ਕਰੋੜ ਰੁਪਏ ਦੀ ਨਿਵੇਸ਼ਕ ਧੋਖਾਧੜੀ ਨਾਲ ਸਬੰਧਤ ਏ । ਇਸ ਮਾਮਲੇ ਵਿੱਚ, ਈਡੀ ਦੀਆਂ ਕਈ ਟੀਮਾਂ ਪੰਜਾਬ,ਹਰਿਆਣਾ, ਰਾਜਸਥਾਨ ਅਤੇ ਦਿੱਲੀ ਵਿੱਚ 15 ਥਾਵਾਂ 'ਤੇ ਛਾਪੇਮਾਰੀ ਕਰ ਰਹੀਆਂ ਨੇ।

------------------------------------------------------------

BJP ਦੇ ਸੀਨੀਅਰ ਨੇਤਾ ਅਤੇ ਰਾਸ਼ਟਰੀ ਕਾਰਜਕਾਰਣੀ ਦੇ ਮੈਂਬਰ, ਮਨੋਰੰਜਨ ਕਾਲੀਆ ਦੇ ਜਲੰਧਰ ਸਥਿਤ ਘਰ ‘ਤੇ ਗ੍ਰਨੇਡ ਨਾਲ ਹਮਲਾ ਕਰਨ ਵਾਲੇ ਦੋ ਵਿਅਕਤੀਆਂ ਦੀ ਜਲੰਧਰ ਦੀ ਅਦਾਲਤ ਨੇ ਪੁਲਿਸ ਰਿਮਾਂਡ ਵਧਾ ਦਿੱਤੀ ਏ। ਪੁਲਿਸ ਵੱਲੋਂ ਇਹਨਾਂ ਦੋਵਾਂ ਵਿਅਕਤੀਆਂ ਨੂੰ 6 ਦਿਨ ਦਾ ਪੁਲਿਸ ਰਿਮਾਂਡ  ਮੁਕਣ ਤੋਂ ਬਾਅਦ ਅੱਜ ਅਦਾਲਤ ‘ਚ ਪੇਸ਼ ਕੀਤਾ ਗਿਆ ਸੀ। ਇਥੇ ਜ਼ਿਕਰ ਯੋਗ ਏ ਕਿ 7 ਅਤੇ 8 ਅਪ੍ਰੈਲ ਦੀ ਰਾਤ ਨੂੰ ਮਨੋਰੰਜਨ ਕਾਲੀਆ ਦੇ ਘਰ ‘ਤੇ ਗ੍ਰਨੇਡ ਨਾਲ ਹਮਲਾ ਕੀਤਾ ਗਿਆ ਸੀ. ਇਸ ਹਮਲੇ ਵਿਚ ਕਿਸੇ ਨੂੰ ਕੋਈ ਜਾਨੀ ਨੁਕਸਾਨ ਨਹੀਂ ਹੋਇਆ ਸੀ। ਪੰਜਾਬ ਪੁਲਿਸ ਨੇ ਫੌਰਨ ਕਾਰਵਾਈ ਕਰਦਿਆ 2  ਮੁਲਜ਼ਮਾਂ ਨੂੰ 12 ਘੰਟਿਆਂ ਵਿਚ ਗਿਰਫਤਾਰ ਕਰ ਲਿਆ ਸੀ।

------------------------------------------------------------

ਪੰਜਾਬ ‘ਚ ਸਿਖਿਆ ਕ੍ਰਾਂਤੀ ਮੁਹਿੰਮ ਤਹਿਤ ਅੱਜ ਕਈ ਥਾਵਾਂ ‘ਤੇ ਸਕੂਲਾਂ ਦੇ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ ਗਿਆ।ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਅੱਜ, ਇਸ ਮੁਹਿੰਮ ਤਹਿਤ

ਹਲਕੇ ਕੋਟਕਪੂਰਾ ਦੇ ਵੱਖ ਵੱਖ ਸਕੂਲਾਂ ਵਿੱਚ ਵਿਕਾਸ ਕਾਰਜਾਂ ਦੇ ਉਦਘਾਟਨ ਕੀਤੇ। ਇਸ ਮੌਕੇ ਆਪਣੇ ਸੰਬੋਧਨ ਵਿੱਚ ਸ੍ਰੀ ਸੰਧਵਾਂ ਨੇ ਕਿਹਾ ਕਿ ਅੱਜ ਸੂਬੇ ਦੇ ਸਰਕਾਰੀ ਸਕੂਲਾਂ ਦਾ ਪੱਧਰ ਏਨਾ ਬਿਹਤਰ ਹੋ ਗਿਆ ਏ ਕਿ ਬੀਤੇ ਸਮੇਂ'ਚ 9 ਹਜ਼ਾਰ ਬੱਚੇ ਪ੍ਰਾਈਵੇਟ ਸਕੂਲਾਂ ਤੋਂ ਹੱਟ ਕੇ ਸਰਕਾਰੀ ਸਕੂਲਾਂ ਵਿੱਚ ਪੜ੍ਹਨ ਲਈ ਆਏ ਨੇ । ਉਨ੍ਹਾਂ ਕਿਹਾ ਕਿ ਅੱਜ ਤਿੰਨ ਸਕੂਲਾਂ ਵਿੱਚ 1 ਕਰੋੜ ਰੁਪਏ ਤੋਂ ਵਧ ਦੇ ਕੰਮਾਂ ਨੂੰ ਸਮਰਪਿਤ ਕੀਤਾ ਗਿਆ ਏ. ਉਨ੍ਹਾਂ ਕਿਹਾ ਕਿ ਆਧੁਨਿਕ ਸਹੂਲਤਾਂ ਨਾਲ ਲੈਸ ਸਰਕਾਰੀ ਸਕੂਲਾਂ ਵਿੱਚ ਹੁਣ ਪ੍ਰਾਈਵੇਟ ਸਕੂਲਾਂ ਨਾਲੋਂ ਵੀ ਜਿਆਦਾ ਸਹੂਲਤਾਂ ਨੇ. ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਪਿਛਲੇ ਸਾਲ ਵਿੱਚ 12 ਹਜ਼ਾਰ 316 ਅਧਿਆਪਕ ਰੈਗੂਲਰ ਕੀਤੇ ਗਏ ਨੇ ਅਤੇ 10 ਹਜ਼ਾਰ 487 ਨਵੇਂ ਅਧਿਆਪਕ ਭਰਤੀ ਕੀਤੇ ਗਏ ਨੇ ।

--------------------------------------------------------

ਇਸੇ ਲੜੀ ਤਹਿਤ ਸਮਾਜਿਕ ਸੁਰੱਖਿਆ, ਔਰਤ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਵੱਲੋਂ ਮਲੋਟ ਹਲਕੇ ਦੇ ਅੱਜ ਵੱਖ ਵੱਖ ਸਕੂਲਾਂ 'ਚ ਵਿਕਾਸ ਕੰਮਾਂ ਦਾ ਉਦਘਾਟਨ ਕੀਤਾ ਗਿਆ। ਸਕੂਲਾਂ ਦੇ

ਨਵੀਨੀਕਰਨ ਵੱਲ ਇਕ ਅਹਿਮ ਕਦਮ ਚੁੱਕਦਿਆਂ ਸੂਬਾ ਸਰਕਾਰ ਵੱਲੋਂ "ਪੰਜਾਬ ਸਿੱਖਿਆ ਕ੍ਰਾਂਤੀ" ਤਹਿਤ ਇਹ ਸਾਰੇ ਕੰਮ ਕਰਵਾਏ ਜਾ ਰਹੇ ਨੇ। ਇਸ ਮੌਕੇ ਉਹਨਾਂ ਸਕੂਲੀ ਬੱਚਿਆਂ ਨਾਲ ਗੱਲਬਾਤ ਕੀਤੀ ਅਤੇ ਉਹਨਾਂ ਨੂੰ ਪ੍ਰੇਰਿਆ ਕਿ ਉਹ ਚੰਗੀ ਸਿੱਖਿਆ ਹਾਸਲ ਕਰਕੇ ਨਵੇਂ ਮੁਕਾਮ 'ਤੇ ਪਹੁੰਚਣ । ਓਹਨਾਂ ਕਿਹਾ ਕਿ ਕੁੜੀਆਂ ਕਿਸੇ ਤੋਂ ਵੀ ਘੱਟ ਨਹੀਂ ਅਤੇ ਮਿਆਰੀ ਸਿੱਖਿਆ ਦੀ ਸਹਾਇਤਾ ਨਾਲ ਉਹ ਡਾਕਟਰ, ਅਧਿਆਪਕ, ਇੰਜੀਨਿਅਰ, ਪਾਇਲਟ ਆਦਿ ਬਣ ਸਕਦੀਆਂ ਨੇ ।

---

ਸੂਬੇ ਦੇ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ, ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਲੰਬੀ ਹਲਕੇ ਤੋਂ, ਪੰਜਾਬ ਦੇ ਪਸ਼ੂ ਪਾਲਣ ਵਿਭਾਗ ਦੀ, ਪਸ਼ੂਆਂ ਨੂੰ ਮੂੰਹ- ਖੁਰ ਦੀ ਬੀਮਾਰੀ ਤੋਂ ਬਚਾਉਣ ਲਈ ਐਨ ਏ ਡੀ ਸੀ ਪੀ ਤਹਿਤ ਰਾਜ ਪੱਧਰੀ ਟੀਕਾਕਰਨ ਮੁਹਿੰਮ ਦਾ ਉਦਘਾਟਨ ਕੀਤਾ। ਇਸ ਮੌਕੇ ਓਹਨਾਂ ਕਿਹਾ ਕਿ ਇਸ ਵਾਰ ਮੂੰਹ ਤੇ ਖੁਰ ਦੀ ਬੀਮਾਰੀ ਦੇ ਬਚਾਅ ਲਈ ਛੇਵੇਂ ਗੇੜ੍ਹ ਦਾ ਟੀਕਾਕਰਨ ਕੀਤਾ ਜਾ ਰਿਹਾ ਏ ਜਿਸ ਲਈ ਸਰਕਾਰ ਵੱਲੋਂ 65 ਲੱਖ ਖੁਰਾਕਾਂ ਪ੍ਰਾਪਤ ਕੀਤੀਆਂ ਗਈਆਂ ਨੇ ਅਤੇ ਇਹ

ਵੈਕਸੀਨ ਸਾਰੀਆਂ ਪਸ਼ੂ ਸੰਸਥਾਵਾਂ ਵਿਚ ਪਹੁੰਚ ਗਈ ਏ। ਉਨ੍ਹਾਂ ਕਿਹਾ ਕਿ ਪਸ਼ੂ ਪਾਲਣ ਵਿਭਾਗ ਵੱਲੋਂ 2 ਹਜ਼ਾਰ ਤੋਂ ਵੱਧ ਟੀਮਾਂ ਦਾ ਗਠਨ ਕੀਤਾ ਗਿਆ ਏ ਜੋ ਕਿ ਇਸ ਸਾਲ 15 ਅਪ੍ਰੈਲ ਤੋਂ 30 ਮਈ ਤੱਕ ਪੰਜਾਬ ਦੇ ਹਰ ਪਿੰਡ ਅਤੇ ਸ਼ਹਿਰ ਵਿਚ ਘਰ-ਘਰ ਜਾ ਕੇ ਮਹਿਰੂ ਅਤੇ ਗੋਕੇ ਪਸ਼ੂਆਂ ਦਾ ਮੁਫਤ ਟੀਕਾਕਰਨ ਕਰਨਗੀਆਂ।

---------------------------------------------------

ਜਲੰਧਰ ਵਿੱਚ ਖੇਡ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਅਤੇ ਨੌਜਵਾਨਾਂ ਨੂੰ ਸਿਹਤਮੰਦ ਜੀਵਨਸ਼ੈਲੀ ਪ੍ਰਤੀ ਉਤਸ਼ਾਹਿਤ ਕਰਨ ਦੇ ਮੰਤਵ ਤਹਿਤ, ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਵਲੋਂ ਜ਼ਿਲ੍ਹਾ ਦੇ ਪਿੰਡਾਂ ਵਿੱਚ 66 ਮਾਡਲ ਖੇਡ ਮੈਦਾਨ ਅਤੇ 39 ਹੋਰ ਪਾਰਕਾਂ ਦਾ ਨਿਰਮਾਣ ਕਰਨ ਦੀ ਮਨਜ਼ੂਰੀ ਦਿੱਤੀ ਗਈ ਏ। ਡਾ. ਅਗਰਵਾਲ ਨੇ ਦੱਸਿਆ ਕਿ ਇਹ ਪਹਿਲ ਨਸ਼ਾ ਮੁਕਤ ਅਤੇ ਰੰਗਲਾ ਪੰਜਾਬ ਬਣਾਉਣ ਲਈ ਕੀਤੇ ਜਾ ਰਹੇ ਅਣਥੱਕ ਯਤਨਾਂ ਦਾ ਹਿੱਸਾ ਏ।

--------------------------------------------------

ਸੀਨੀਅਰ ਮਰਦਾਂ ਦੀ 15ਵੀਂ ਹਾਕੀ ਇੰਡੀਆ ਰਾਸ਼ਟਰੀ ਚੈਂਪੀਅਨਸ਼ਿਪ

2025 ਵਿੱਚ,  ਅੱਜ ਸ਼ਾਮ, ਉੱਤਰ ਪ੍ਰਦੇਸ਼ ਦੇ ਝਾਂਸੀ ਵਿਖੇ ਹੋਣ ਵਾਲੇ ਫਾਈਨਲ ਮੁਕਾਬਲੇ ਵਿੱਚ ਪੰਜਾਬ ਅਤੇ ਮੱਧ ਪ੍ਰਦੇਸ਼ ਇੱਕ ਦੂਜੇ ਖਿਲਾਫ਼ ਮੈਦਾਨ'ਚ ਉਤਰਨਗੇ। ਇਹ ਮੈਚ ਸ਼ਾਮ 7 ਵਜੇ ਸ਼ੁਰੂ ਹੋਏਗਾ।

---------------------------------------------------------------

- ਸੁਪਰੀਮ ਕੋਰਟ ਨੇ ਅੱਜ ਦੇਸ਼ ਭਰ ਦੀਆਂ ਹਾਈ ਕੋਰਟਾਂ ਨੂੰ ਹਦਾਇਤ ਕੀਤੀ ਏ, ਕਿ ਉਹ ਹੇਠਲੀਆਂ ਅਦਾਲਤਾਂ ਨੂੰ ਬੱਚਿਆਂ ਦੀ ਤਸਕਰੀ ਦੇ ਮਾਮਲਿਆਂ ਦੀ ਸੁਣਵਾਈ, ਛੇ ਮਹੀਨਿਆਂ ਵਿੱਚ ਪੂਰੀ ਕਰਨ ਲਈ ਨਿਰਦੇਸ਼ ਜਾਰੀ ਕਰਨ।
- ਪੰਜਾਬ ਵਿਧਾਨ ਸਭਾ ਵਿਚ ਵਿਰੋਧੀ ਧਿਰ ਦੇ ਨੇਤਾ ਅਤੇ ਸੀਨੀਅਰ ਕਾਂਗਰਸੀ ਆਗੂ, ਪ੍ਰਤਾਪ ਸਿੰਘ ਬਾਜਵਾ, ਸੂਬੇ 'ਚ ਬੰਬਾਂ ਬਾਰੇ ਆਪਣੇ ਕਥਿਤ ਬਿਆਨ ਦੇ ਸੰਬੰਧ 'ਚ ਅੱਜ ਪੁਲਿਸ ਸਾਹਮਣੇ ਪੇਸ਼ ਹੋਏ ਨੇ।
- ਪੰਜਾਬ 'ਚ ਸਿਖਿਆ ਕ੍ਰਾਂਤੀ ਮੁਹਿੰਮ ਤਹਿਤ ਅੱਜ ਕਈ ਥਾਵਾਂ 'ਤੇ ਸਕੂਲਾਂ ਦੇ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ ਗਿਆ।

- ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ, ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਲੰਬੀ ਹਲਕੇ ਤੋਂ, ਪਸ਼ੂਆਂ ਨੂੰ ਮੂੰਹ- ਖੁਰ ਦੀ ਬੀਮਾਰੀ ਤੋਂ ਬਚਾਉਣ ਲਈ ਰਾਜ ਪੱਧਰੀ ਟੀਕਾਕਰਨ ਮੁਹਿੰਮ ਦੀ ਕੀਤੀ ਸ਼ੁਰੂਆਤ।
- ਸੀਨੀਅਰ ਮਰਦਾਂ ਦੀ, 15ਵੀਂ ਹਾਕੀ ਇੰਡੀਆ ਰਾਸ਼ਟਰੀ ਚੈਂਪੀਅਨਸ਼ਿਪ 2025 ਵਿੱਚ, ਅੱਜ ਸ਼ਾਮ, ਪੰਜਾਬ ਅਤੇ ਮੱਧ ਪ੍ਰਦੇਸ਼ ਫਾਈਨਲ ਮੁਕਾਬਲੇ ਵਿੱਚ ਇੱਕ ਦੂਜੇ ਖਿਲਾਫ਼ ਮੈਦਾਨ'ਚ ਉਤਰਨਗੇ।